ਗੂਜਰੀ ਮਹਲਾ ੫ ॥ ਨਾਮੁ ਨਿਧਾਨੁ ਜਿਨਿ ਜਨਿ ਜਪਿਓ ਤਿਨ ਕੇ ਬੰਧਨ ਕਾਟੇ ॥ ਕਾਮ ਕ੍ਰੋਧ ਮਾਇਆ ਬਿਖੁ ਮਮਤਾ ਇਹ ਬਿਆਧਿ ਤੇ ਹਾਟੇ ॥੧॥ ਹਰਿ ਜਸੁ ਸਾਧਸੰਗਿ ਮਿਲਿ ਗਾਇਓ ॥ ਗੁਰ ਪਰਸਾਦਿ ਭਇਓ ਮਨੁ ਨਿਰਮਲੁ ਸਰਬ ਸੁਖਾ ਸੁਖ ਪਾਇਅਉ ॥੧॥ ਰਹਾਉ ॥ ਜੋ ਕਿਛੁ ਕੀਓ ਸੋਈ ਭਲ ਮਾਨੈ ਐਸੀ ਭਗਤਿ ਕਮਾਨੀ ॥ ਮਿਤ੍ਰ ਸਤ੍ਰੁ ਸਭ ਏਕ ਸਮਾਨੇ ਜੋਗ ਜੁਗਤਿ ਨੀਸਾਨੀ ॥ ੨॥ ਪੂਰਨ ਪੂਰਿ ਰਹਿਓ ਸ੍ਰਬ ਥਾਈ ਆਨ ਨ ਕਤਹੂੰ ਜਾਤਾ ॥ ਘਟ ਘਟ ਅੰਤਰਿ ਸਰਬ ਨਿਰੰਤਰਿ ਰੰਗਿ ਰਵਿਓ ਰੰਗਿ ਰਾਤਾ ॥੩॥ ਭਏ ਕ੍ਰਿਪਾਲ ਦਇਆਲ ਗੁਪਾਲਾ ਤਾ ਨਿਰਭੈ ਕੈ ਘਰਿ ਆਇਆ ॥ ਕਲਿ ਕਲੇਸ ਮਿਟੇ ਖਿਨ ਭੀਤਰਿ ਨਾਨਕ ਸਹਜਿ ਸਮਾਇਆ ॥੪॥੫॥੬॥ {ਪੰਨਾ 496}

ਪਦਅਰਥ:- ਨਿਧਾਨੁ—ਖ਼ਜ਼ਾਨਾ। ਜਿਨਿ—ਜਿਸ ਨੇ। ਜਨਿ—ਜਨ ਨੇ। ਜਿਨਿ ਜਨਿ—ਜਿਸ ਜਨ ਮਨੁੱਖ ਨੇ। ਤਿਨ੍ ਕੇ—ਉਹਨਾਂ ਮਨੁੱਖਾਂ ਦੇ। ਬਿਖੁ—ਜ਼ਹਿਰ। ਮਾਇਆ ਬਿਖੁ—ਆਤਮਕ ਮੌਤ ਲਿਆਉਣ ਵਾਲੀ ਮਾਇਆ। ਬਿਆਧਿ—ਰੋਗ। ਤੇ—ਤੋਂ।1।

ਮਿਲਿ—ਮਿਲ ਕੇ। ਸੰਗਿ—ਸੰਗਤਿ ਵਿਚ। ਪਰਸਾਦਿ—ਕਿਰਪਾ ਨਾਲ। ਸਰਬ—ਸਾਰੇ।1। ਰਹਾਉ।

ਕੀਓ—(ਪਰਮਾਤਮਾ ਨੇ) ਕੀਤਾ। ਭਲ—ਭਲਾ। ਮਾਨੈ—ਮੰਨਦਾ ਹੈ। ਕਮਾਨੀ—ਕਮਾਂਦਾ ਹੈ। ਸਤ੍ਰੁ—ਵੈਰੀ। ਏਕ ਸਮਾਨੇ—ਇਕੋ ਜਿਹੇ। ਜੋਗ—ਮਿਲਾਪ। ਜੁਗਤਿ—ਢੰਗ।2।

ਪੂਰਨ—ਸਰਬ-ਵਿਆਪਕ। ਸ੍ਰਬ ਥਾਈ—ਸਰਬ ਥਾਈਂ, ਸਭ ਥਾਵਾਂ ਵਿਚ। ਆਨ—(ਪਰਮਾਤਮਾ ਤੋਂ ਬਿਨਾ) ਕੋਈ ਹੋਰ। ਕਤਹੂੰ—ਕਿਤੇ ਭੀ। ਜਾਤਾ—ਪਛਾਣਿਆ, ਸਮਝਿਆ। ਅੰਤਰਿ—ਅੰਦਰ। ਨਿਰੰਤਰਿ—ਬਿਨਾ ਵਿੱਥ ਦੇ {ਨਿਰ ਅੰਤਰਿ}। ਰੰਗਿ—ਪ੍ਰੇਮ ਵਿਚ। ਰਾਤਾ—ਮਸਤ।

ਗੁਪਾਲਾ—ਸ੍ਰਿਸ਼ਟੀ ਦਾ ਰਾਖਾ ਪ੍ਰਭੂ। ਘਰਿ—ਘਰ ਵਿਚ। ਨਿਰਭੈ ਕੈ ਘਰਿ—ਨਿਡਰ ਪ੍ਰਭੂ ਦੇ ਚਰਨਾਂ ਵਿਚ। ਕਲਿ ਕਲੇਸ—ਝਗੜੇ ਦੁੱਖ। ਭੀਤਰਿ—ਵਿਚ। ਸਹਜਿ—ਆਤਮਕ ਅਡੋਲਤਾ ਵਿਚ।4।

ਅਰਥ:- ਹੇ ਭਾਈ! ਜਿਸ ਜਿਸ ਮਨੁੱਖ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਸਿਮਰਿਆ, ਉਹਨਾਂ ਸਭਨਾਂ ਦੇ ਮਾਇਆ ਦੇ ਬੰਧਨ ਕੱਟੇ ਗਏ। ਕਾਮ, ਕ੍ਰੋਧ, ਆਤਮਕ ਮੌਤ ਲਿਆਉਣ ਵਾਲੀ ਮਾਇਆ ਦੀ ਮਮਤਾ—ਇਹਨਾਂ ਸਾਰੇ ਰੋਗਾਂ ਤੋਂ ਉਹ ਬਚ ਜਾਂਦੇ ਹਨ।1।

ਹੇ ਭਾਈ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ, ਗੁਰੂ ਦੀ ਕਿਰਪਾ ਨਾਲ ਉਸ ਦਾ ਮਨ ਪਵਿਤ੍ਰ ਹੋ ਗਿਆ, ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ।1। ਰਹਾਉ।

ਹੇ ਭਾਈ! ਉਹ ਮਨੁੱਖ ਅਜੇਹੀ ਭਗਤੀ ਦੀ ਕਾਰ ਕਰਦਾ ਹੈ ਕਿ ਜੋ ਕੁਝ ਪਰਮਾਤਮਾ ਕਰਦਾ ਹੈ ਉਹ ਉਸ ਨੂੰ (ਸਭ ਜੀਵਾਂ ਵਾਸਤੇ) ਭਲਾ ਮੰਨਦਾ ਹੈ, ਉਸ ਨੂੰ ਮਿੱਤਰ ਤੇ ਵੈਰੀ ਸਾਰੇ ਇਕੋ ਜਿਹੇ (ਮਿੱਤਰ ਹੀ) ਦਿੱਸਦੇ ਹਨ। ਹੇ ਭਾਈ! ਇਹੀ ਹੈ ਪਰਮਾਤਮਾ ਦੇ ਮਿਲਾਪ ਦਾ ਤਰੀਕਾ, ਤੇ ਇਹੀ ਹੈ ਪ੍ਰਭੂ-ਮਿਲਾਪ ਦੀ ਨਿਸ਼ਾਨੀ।2।

(ਹੇ ਭਾਈ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ, ਉਸ ਨੇ) ਪਛਾਣ ਲਿਆ ਕਿ ਸਰਬ-ਵਿਆਪਕ ਪ੍ਰਭੂ ਸਭਨਾਂ ਥਾਵਾਂ ਵਿਚ ਮੌਜੂਦ ਹੈ, ਉਸ ਮਨੁੱਖ ਨੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ (ਸਭ ਥਾਵਾਂ ਵਿਚ ਵੱਸਦਾ) ਨਹੀਂ ਸਮਝਿਆ। ਉਸ ਨੂੰ ਉਹ ਪ੍ਰਭੂ ਹਰੇਕ ਸਰੀਰ ਵਿਚ, ਇਕ-ਰਸ ਸਭਨਾਂ ਵਿਚ ਵੱਸਦਾ ਦਿੱਸਦਾ ਹੈ। ਉਹ ਮਨੁੱਖ ਉਸ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਆਨੰਦ ਮਾਣਦਾ ਹੈ ਉਸ ਦੇ ਪ੍ਰੇਮ ਵਿਚ ਮਸਤ ਰਹਿੰਦਾ ਹੈ।3।

ਹੇ ਨਾਨਕ! (ਆਖ—ਜਦੋਂ ਕਿਸੇ ਮਨੁੱਖ ਉੱਤੇ) ਗੋਪਾਲ-ਪ੍ਰਭੂ ਕਿਰਪਾਲ ਹੁੰਦਾ ਹੈ ਦਇਆਵਾਨ ਹੁੰਦਾ ਹੈ, ਤਦੋਂ ਉਹ

ਮਨੁੱਖ ਉਸ ਨਿਰਭੈ-ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ, ਇਕ ਖਿਨ ਵਿਚ ਉਸ ਦੇ ਅੰਦਰੋਂ ਦੁੱਖ-ਕਲੇਸ਼ ਮਿਟ ਜਾਂਦੇ ਹਨ, ਉਹ ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ।4।5।6।